ਨਟ ਪੜਤਾਲ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਕੋਊ ਹੈ ਮੇਰੋ ਸਾਜਨੁ ਮੀਤੁ ॥ ਹਰਿ ਨਾਮੁ ਸੁਨਾਵੈ ਨੀਤ ॥ ਬਿਨਸੈ ਦੁਖੁ ਬਿਪਰੀਤਿ ॥ ਸਭੁ ਅਰਪਉ ਮਨੁ ਤਨੁ ਚੀਤੁ ॥ ੧॥ ਰਹਾਉ ॥ ਕੋਈ ਵਿਰਲਾ ਆਪਨ ਕੀਤ ॥ ਸੰਗਿ ਚਰਨ ਕਮਲਮਨੁ ਸੀਤ ॥ ਕਰਿ ਕਿਰਪਾ ਹਰਿ ਜਸੁ ਦੀਤ ॥੧॥ ਹਰਿ ਭਜਿ ਜਨਮੁ ਪਦਾਰਥੁ ਜੀਤ ॥ ਕੋਟਿ ਪਤਿਤ ਹੋਹਿ ਪੁਨੀਤ ॥ ਨਾਨਕ ਦਾਸ ਬਲਿ ਬਲਿ ਕੀਤ ॥੨॥੧॥੧੦॥੧੯॥ {ਪੰਨਾ 980}

ਪਦਅਰਥ:- ਕੋਊ—ਕੋਈ ਵਿਰਲਾ। ਨੀਤ—ਸਦਾ। ਬਿਨਸੈ—ਨਾਸ ਹੋ ਜਾਂਦਾ ਹੈ। ਬਿਪਰੀਤਿ—ਉਲਟੀ ਪ੍ਰੀਤ, ਮਾੜੇ ਪਾਸੇ ਦੀ ਪ੍ਰੀਤ। ਅਰਪਉ—ਅਰਪਉਂ, ਮੈਂ ਭੇਟਾ ਕਰ ਦਿਆਂ। ਚੀਤੁ—ਚਿੱਤ।1। ਰਹਾਉ।

ਕੀਤ—ਕੀਤਾ ਹੈ, ਬਣਾਇਆ ਹੈ। ਆਪਨ—ਆਪਣਾ। ਸੰਗਿ—ਨਾਲ। ਸੀਤ—ਸੀਤਾ ਹੋਇਆ ਹੈ, ਜੋੜਿਆ ਹੈ। ਕਰਿ—ਕਰ ਕੇ। ਦੀਤ—ਦਿੱਤਾ ਹੈ।1।

ਭਜਿ—ਭਜ ਕੇ, ਸਿਮਰ ਕੇ। ਜਨਮੁ ਪਦਾਰਥੁ—ਕੀਮਤੀ ਮਨੁੱਖਾ ਜੀਵਨ। ਜੀਤ—ਜਿੱਤਿਆ, ਕਾਮਯਾਬ ਬਣਾਇਆ। ਕੋਟਿ—ਕ੍ਰੋੜਾਂ। ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ, ਵਿਕਾਰੀ। ਹੋਹਿ—ਹੋ ਜਾਂਦੇ ਹਨ। ਪੁਨੀਤ—ਪਵਿੱਤਰ। ਬਲਿ ਕੀਤ—ਸਦਕੇ ਕੀਤਾ।2।

ਅਰਥ:- ਹੇ ਭਾਈ! ਕੋਈ ਵਿਰਲਾ ਹੀ (ਲੱਭਦਾ) ਹੈ ਇਹੋ ਜਿਹਾ ਸੱਜਣ ਮਿੱਤਰ, ਜਿਹੜਾ ਸਦਾ ਪਰਮਾਤਮਾ ਦਾ ਨਾਮ ਸੁਣਾਂਦਾ ਰਹੇ। (ਨਾਮ ਦੀ ਬਰਕਤਿ ਨਾਲ) ਭੈੜੇ ਪਾਸੇ ਦੀ ਪ੍ਰੀਤ ਦਾ ਦੁੱਖ ਦੂਰ ਹੋ ਜਾਂਦਾ ਹੈ। (ਹੇ ਭਾਈ! ਜੇ ਕੋਈ ਹਰਿ-ਨਾਮ ਸੁਣਾਣ ਵਾਲਾ ਸੱਜਣ ਮਿਲ ਪਏ, ਤਾਂ ਉਸ ਤੋਂ) ਮੈਂ ਆਪਣਾ ਮਨ ਆਪਣਾ ਤਨ ਆਪਣਾ ਚਿੱਤ ਸਭ ਕੁਝ ਸਦਕੇ ਕਰ ਦਿਆਂ।1। ਰਹਾਉ।

ਹੇ ਭਾਈ! ਕੋਈ ਵਿਰਲਾ ਹੀ (ਲੱਭਦਾ) ਹੈ (ਇਹੋ ਜਿਹਾ ਜਿਸ ਨੂੰ ਪ੍ਰਭੂ ਨੇ) ਆਪਣਾ ਬਣਾ ਲਿਆ ਹੁੰਦਾ ਹੈ, ਜਿਸ ਨੇ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਆਪਣਾ ਮਨ ਜੋੜ ਰੱਖਿਆ ਹੁੰਦਾ ਹੈ, ਜਿਸ ਨੂੰ ਪ੍ਰਭੂ ਨੇ ਕਿਰਪਾ ਕਰ ਕੇ ਆਪਣੀ ਸਿਫ਼ਤਿ-ਸਾਲਾਹ (ਦੀ ਦਾਤਿ) ਦਿੱਤੀ ਹੁੰਦੀ ਹੈ।1।

ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ ਕੀਮਤੀ ਮਨੁੱਖਾ ਜਨਮ ਕਾਮਯਾਬ ਬਣਾ ਲਈਦਾ ਹੈ। (ਨਾਮ ਜਪ ਕੇ) ਕ੍ਰੋੜਾਂ ਵਿਕਾਰੀ ਪਵਿੱਤਰ ਹੋ ਜਾਂਦੇ ਹਨ। ਹੇ ਨਾਨਕ! (ਆਖ—ਨਾਮ ਜਪਣ ਵਾਲੇ ਅਜਿਹੇ) ਦਾਸ ਤੋਂ ਮੈਂ ਆਪਣੇ ਆਪ ਨੂੰ ਸਦਕੇ ਕਰਦਾ ਹਾਂ ਕੁਰਬਾਨ ਕਰਦਾ ਹਾਂ।2।1।10। 19।

ਸ਼ਬਦ ਮਹਲਾ 4 — 9
ਸ਼ਬਦ ਮਹਲਾ 5 — 10
. . . . . . . . . —:
. . . . ਜੋੜ . . . 19